# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :23-11-2025**

ਜੀ-20 ਸਿਖਰ ਸੰਮੇਲਨ ਅੱਜ ਦੱਖਣੀ ਅਫ਼ਰੀਕਾ ਦੇ ਜੋਹਾਨਸਬਰਗ ਵਿਚ ਸੰਪੰਨ ਹੋਵੇਗਾ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸਿਖਰ ਸੰਮੇਲਨ ਦੇ ਤੀਜੇ ਸੈਸ਼ਨ ਵਿਚ ਹਿੱਸਾ ਲੈਣਗੇ। ਸ੍ਰੀ ਮੋਦੀ ਜੀ20 ਸਿਖਰ ਸੰਮੇਲਨ ਵਿਚ ਹਿੱਸਾ ਲੈਣ ਲਈ ਸ਼ੁੱਕਰਵਾਰ ਨੂੰ ਦੱਖਣੀ ਅਫ਼ਰੀਕਾ ਦੀ ਤਿੰਨ ਦਿਨਾਂ ਯਾਤਰਾ 'ਤੇ ਜੋਹਾਨਸਬਰਗ ਪਹੁੰਚੇ ਸਨ। ਪ੍ਰਧਾਨ ਮੰਤਰੀ ਮੋਦੀ ਅੱਜ ਜੀ-20 ਸਿਖਰ ਸੰਮੇਲਨ ਦੇ ਤੀਜੇ ਸੈਸ਼ਨ ਵਿਚ ਆਪਣੇ ਹਮਰੁਤਬਿਆਂ ਨੂੰ ਸੰਬੋਧਨ ਕਰਨਗੇ।

----------------------------------------------------------------

ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੀ ਸ਼ਹਾਦਤ ਦੇ 350ਵੇਂ ਵਰ੍ਹੇ ਸਬੰਧੀ ਤਿੰਨ ਦਿਨਾਂ ਲਈ ਸਮਾਗਮ ਅੱਜ ਤੋਂ ਆਰੰਭ ਹੋ ਗਏ ਨੇ। ਦੇਸ਼ ਅਤੇ ਦੁਨੀਆ ਭਰ ਤੋਂ ਸ਼ਰਧਾਲੂ ਇਨ੍ਹਾਂ ਇਤਿਹਾਸਕ ਸਮਾਗਮਾਂ ਵਿਚ ਹਾਜ਼ਰੀ ਭਰਨ ਲਈ ਪੁੱਜ ਰਹੇ ਨੇ। ਸ੍ਰੀ ਗੁਰੂ ਤੇਗ਼ ਬਹਾਦਰ

ਸਾਹਿਬ ਦੀਆਂ ਸਿੱਖਿਆਵਾਂ ਵਿਚ  ਧਾਰਮਿਕ ਆਜ਼ਾਦੀ ਅਤੇ ਮਨੁੱਖੀ ਹੱਕਾਂ ਦੀ ਰਾਖੀ, ਦਇਆ, ਕੁਰਬਾਨੀ ਅਤੇ ਹਿੰਮਤ ਦਾ ਖ਼ਾਸ ਮਹੱਤਵ ਹੈ, ਜਿਹੜਾ ਕਿ ਸਾਰੀ ਮਨੁੱਖਤਾ ਲਈ ਮਾਰਗਦਰਸ਼ਕ ਏ। ਸਮਾਗਮਾਂ ਦੇ ਸਬੰਧ ਵਿਚ ਗੁਰੂ ਘਰਾਂ ਵਿਚ ਸ੍ਰੀ ਅਖੰਡ ਸਾਹਿਬ ਆਰੰਭ ਹੋ ਗਏ ਹਨ । ਸਮਾਗਮ ਦੇ ਮੁੱਖ ਪੰਡਾਲ ਵਿਚ ਧਰਮ ਧਰਮ ਸੰਮੇਲਨ ਆਰੰਭ ਹੋ ਗਿਆ ਏ।

----------------------------------------------

ਵਿਰਾਸਤ-ਏ-ਖਾਲਸਾ ਵਿਚ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ  ਦੇ ਜੀਵਨ ਬਾਰੇ ਪ੍ਰਦਰਸ਼ਨੀ ਲਗਾਈ ਜਾਵੇਗੀ ਤੇ  ਸ਼ਾਮ ਨੂੰ ਉਥੇ ਡ੍ਰੋਨ ਸ਼ੋਅ ਕੀਤਾ ਜਾਣਾ ਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 25 ਨਵੰਬਰ ਨੂੰ ਪਾਏ ਜਾਣਗੇ,  ਜਿਸ ਤੋਂ ਬਾਅਦ ਵਿਰਾਸਤ-ਏ-ਖਾਲਸਾ ਵਿਚ ਸੂਬਾ ਪੱਧਰੀ ਖ਼ੂਨਦਾਨ ਕੈਂਪ, ਬੂਟੇ ਲਾਉਣ ਦੀ ਮੁਹਿੰਮ ਤੋਂ ਇਲਾਵਾ ‘ਸਰਬੱਤ ਦਾ ਭਲਾ’  ਸੰਮੇਲਨ ਹੋਵੇਗਾ। ਸ਼ਰਧਾਲੂਆਂ ਦੀ ਸੁਰੱਖਿਆ ਅਤੇ ਰਿਹਾਇਸ਼ ਲਈ ਪ੍ਰਖ਼ਤਾ ਇੰਤਜ਼ਾਮਾਂ ਤੋਂ ਇਲਾਵਾ ਹੰਗਾਮੀ ਮੈਡੀਕਲ ਸਹੂਲਤਾਂ ਲਈ ਪ੍ਰਬੰਧ ਕੀਤੇ ਗਏ ਨੇ। ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸਮਰਪਿਤ ਪੰਜਾਬ ਵਿਧਾਨ ਸਭਾ ਦਾ ਖ਼ਾਸ ਇਜਲਾਸ ਭਲਕੇ 24 ਨਵੰਬਰ ਨੂੰ ਭਾਈ ਜੈਤਾ ਜੀ ਮੈਮੋਰੀਅਲ ਵਿਚ ਹੋਵੇਗਾ।

----------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਪੰਜਾਬ ਸਰਕਾਰ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਮਿਸ਼ਨਰੀ ਭਾਵਨਾ ਨਾਲ ਕੰਮ ਕਰ ਰਹੀ ਏ। ਪੰਜਾਬ ਭਵਨ, ਚੰਡੀਗੜ੍ਹ ਵਿਚ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਦੱਸਿਆ ਕਿ 2024–25 ਵਿਚ ਸੂਬੇ ਦੇ 23 ਜ਼ਿਲ੍ਹਿਆਂ ਵਿਚ 800 ਤੋਂ ਵੱਧ ਜਾਗਰੂਕਤਾ ਸਮਾਗਮ ਕੀਤੇ ਗਏ। ਨਸ਼ਿਆਂ ਤੋਂ ਪੀੜਤ ਪਰਿਵਾਰਾਂ ਦੀ ਸਮਾਜਿਕ, ਵਿੱਤੀ ਅਤੇ ਮਨੋਵਿਗਿਆਨਕ ਮਦਦ ਲਈ ਪੰਜਾਬ ਸਰਕਾਰ ਵੱਖਰਾ ਮਾਡਲ ਲਾਗੂ ਕਰ ਰਹੀ ਏ। ਇਸ ਵਿਚ ਕੌਂਸਲਿੰਗ, ਰੋਜ਼ਗਾਰ-ਕੇਂਦ੍ਰਿਤ ਸਿਖਲਾਈ, ਮੁੜ ਵਸੇਬਾ ਵਰਗੀਆਂ ਸੇਵਾਵਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਏ।ਮੀਟਿੰਗ ਦੌਰਾਨ ਡਾ. ਬਲਜੀਤ ਕੌਰ ਨੇ 2025–26 ਲਈ ਨਸ਼ਾ ਮੁਕਤ ਯੋਜਨਾ ਤਹਿਤ ₹49.96 ਕਰੋੜ ਦੀਆਂ ਕਾਰਜ ਯੋਜਨਾਵਾਂ ਨੂੰ ਮਨਜ਼ੂਰੀ ਦਿੱਤੀ। ਉਨ੍ਹਾਂ ਨੇ ਸਾਰੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ ਹਦਾਇਤ ਕੀਤੀ ਕਿ ਨਸ਼ਾ-ਮੁਕਤ ਪੰਜਾਬ ਦੇ ਟੀਚੇ ਲਈ ਸਾਰੇ ਵਿਭਾਗ ਕਾਰਜ ਯੋਜਨਾ ਨੂੰ ਵੇਲੇ ਸਿਰ ਲਾਗੂ ਕਰਨਾ ਯਕੀਨੀ ਬਣਾਉਣ।

---------------------------------------------------

ਪੰਜਾਬ ਪੁਲਿਸ ਤੇ ਸਿੱਖਿਆ ਵਿਭਾਗ ਦੀ ਸਾਂਝੀ ਪਹਿਲਕਦਮੀ ਸਟੂਡੈਂਟ ਪੁਲਿਸ ਕੈਡੇਟ (ਐੱਸ.ਪੀ.ਸੀ.) ਯੋਜਨਾ ਤਹਿਤ

ਵਿਦਿਆਰਥੀਆਂ ਨੂੰ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ, ਫਿਲੌਰ ਦਾ ਕੱਲ੍ਹ ਇਕ ਦਿਨਾ ਟੂਰ ਕਰਵਾਇਆ ਗਿਆ। ਪੰਜਾਬ ਦੇ ਅੱਠ ਜ਼ਿਲ੍ਹਿਆਂ ਦੇ ਕੁੱਲ 450 ਬੱਚੇ, ਆਪਣੇ ਨੋਡਲ ਅਧਿਆਪਕਾਂ ਅਤੇ ਸਾਂਝ ਕੇਂਦਰ ਦੇ ਮੁਲਾਜ਼ਮਾਂ ਨਾਲ ਇਸ ਈਵੈਂਟ ਵਿਚ ਸ਼ਾਮਲ ਹੋਏ। ਇਕ ਸੈਸ਼ਨ ਵਿਚ ਆਨਲਾਈਨ ਪਰੇਸ਼ਾਨ ਕਰਨਾ ਤੇ ਭੜਕਾਹਟ ਵਾਲੀ ਸਥਿਤੀ ਪੈਦਾ ਕਰਨੀ, ਵਿੱਤੀ ਧੋਖਾਦੇਹੀ ਤੇ ਮੋਬਾਈਲ ਉਪਕਰਨਾਂ ਦੀ ਜ਼ਿੰਮੇਵਾਰੀ ਨਾਲ ਵਰਤੋਂ ਵਰਗੇ ਵਿਸ਼ਿਆਂ ‘ਤੇ ਚਰਚਾ ਕੀਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਤੇ ਅਧਿਆਪਕਾਂ ਲਈ ਅਕੈਡਮੀ ਦੇ ਸਟੱਡੀ ਟੂਰ ਦਾ ਪ੍ਰਬੰਧ ਕੀਤਾ ਗਿਆ, ਜਿਸ ਦੌਰਾਨ ਬੱਚਿਆਂ ਨੂੰ ਇਤਿਹਾਸਕ ਕਿਲ੍ਹਾ, ਜਿੱਥੇ ਇਹ ਅਕੈਡਮੀ ਸਥਾਪਤ ਹੈ, ਦੀ ਵਿਲੱਖਣ ਵਾਸਤੂ-ਕਲਾ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਅਕੈਡਮੀ ਦੇ ਅੰਦਰ ਸਥਿਤ ਸਟੇਟ ਫਿੰਗਰਪ੍ਰਿੰਟ ਬਿਊਰੋ ਦਾ ਵੀ ਦੌਰਾ ਕੀਤਾ।

---------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਥਾਨਕ ਆਸ਼ਰਮ ਵਿਚ ਰਹਿਣ ਵਾਲੀ ਕੁੜੀ ਦੀ ਮੌਤ ਸਬੰਧੀ ਜਾਂਚ ਦੇ ਹੁਕਮ ਦਿੱਤੇ ਨੇ। ਦੱਸਿਆ ਗਿਆ ਏ ਕਿ ਇਹ ਕੁੜੀ ਬੇਸੁੱਧ ਹਾਲਤ ਵਿਚ ਮਿਲੀ ਸੀ। ਅਧਿਕਾਰੀਆਂ ਨੇ ਤੁਰੰਤ ਉਸ ਨੂੰ

ਨੇੜਲੇ ਨਰਸਿੰਗ ਹੋਮ ਪਹੁੰਚਾਇਆ ਸੀ, ਜਿੱਥੋਂ ਉਸ ਨੂੰ ਸਿਵਲ ਹਸਪਤਾਲ ਜਲੰਧਰ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਸੀ।ਡਿਪਟੀ ਕਮਿਸ਼ਨਰ ਡਾ. ਅਗਰਵਾਲ ਨੇ ਸਬੰਧਤ ਐੱਸ.ਡੀ.ਐੱਮ. ਨੂੰ ਡੂੰਘਾਈ ਨਾਲ ਇਸ ਮਾਮਲੇ ਦੀ ਜਾਂਚ ਕਰ ਕੇ ਦੋ ਹਫਤਿਆਂ ਦੇ ਅੰਦਰ ਰਿਪੋਰਟ ਪੇਸ਼ ਕਰਨ ਦੀ ਹਦਾਇਤ ਕੀਤੀ ਏ। ਕੁੜੀ ਦੀ ਮੌਤ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਫੌਰੈਂਸਿਕ ਮਾਹਿਰਾਂ ਤੇ ਪੁਲਿਸ ਟੀਮਾਂ ਵੱਲੋਂ ਜਾਂਚ ਜਾਰੀ ਏ।

-----------------------------------------------------

ਸੂਬੇ ਵਿਚ ਜਾਰੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 266ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ 360 ਥਾਵਾਂ 'ਤੇ ਛਾਪੇਮਾਰੀ ਕੀਤੀ, ਇਸ ਸਬੰਧ ਵਿਚ ਸੂਬੇ ਵਿਚ 80 ਮਾਮਲੇ ਦਰਜ ਕਰ ਕੇ 103 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਕੋਲੋਂ 50 ਕਿੱਲੋ ਤੋਂ ਵੱਧ ਹੈਰੋਇਨ, 1800 ਤੋਂ ਵੱਧ ਪਾਬੰਦੀਸ਼ੁਦਾ ਗੋਲੀਆਂ ਤੇ 22 ਹਜ਼ਾਰ ਰੁਪਏ ਤੋਂ ਵੱਧ ਦੀ ਨਗਦੀ ਬਰਾਮਦ ਹੋਈ ਤੇ ਏ 27 ਵਿਅਕਤੀਆਂ ਨੂੰ ਨਸ਼ੇ ਛੱਡਣ ਤੇ ਇਲਾਜ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ ਏ।

**ਇਸ ਦੇ ਨਾਲ ਹੀ ਪ੍ਰਦੇਸ਼ਕ ਖਬਰਾਂ ਖਤਮ ਹੋਈਆਂਨਮਸਕਾਰ**